ਸਾਰਗ ਮਹਲਾ ੫ ਘਰੁ ੬ ਪੜਤਾਲ ੴ ਸਤਿਗੁਰ ਪ੍ਰਸਾਦਿ ॥ ਸੁਭ ਬਚਨ ਬੋਲਿ ਗੁਨ ਅਮੋਲ ॥ ਕਿੰਕਰੀ ਬਿਕਾਰ ॥ ਦੇਖੁ ਰੀ ਬੀਚਾਰ ॥ ਗੁਰ ਸਬਦੁ ਧਿਆਇ ਮਹਲੁ ਪਾਇ ॥ ਹਰਿ ਸੰਗਿ ਰੰਗ ਕਰਤੀ ਮਹਾ ਕੇਲ ॥ ੧॥ ਰਹਾਉ ॥ ਸੁਪਨ ਰੀ ਸੰਸਾਰੁ ॥ ਮਿਥਨੀ ਬਿਸਥਾਰੁ ॥ ਸਖੀ ਕਾਇ ਮੋਹਿ ਮੋਹਿਲੀ ਪ੍ਰਿਅ ਪ੍ਰੀਤਿ ਰਿਦੈ ਮੇਲ ॥ ੧॥ ਸਰਬ ਰੀ ਪ੍ਰੀਤਿ ਪਿਆਰੁ ॥ ਪ੍ਰਭੁ ਸਦਾ ਰੀ ਦਇਆਰੁ ॥ ਕਾਂਏਂ ਆਨ ਆਨ ਰੁਚੀਐ ॥ ਹਰਿ ਸੰਗਿ ਸੰਗਿ ਖਚੀਐ ॥ ਜਉ ਸਾਧਸੰਗ ਪਾਏ ॥ ਕਹੁ ਨਾਨਕ ਹਰਿ ਧਿਆਏ ॥ ਅਬ ਰਹੇ ਜਮਹਿ ਮੇਲ ॥੨॥੧॥੧੩੦॥ {ਪੰਨਾ 1229}

ਪਦਅਰਥ:- ਬੋਲਿ—ਉਚਾਰਿਆ ਕਰ। ਕਿੰਕਰੀ—ਦਾਸੀ {ਕਿੰਕਰ—ਦਾਸ}। ਕਿੰਕਰੀ ਬਿਕਾਰ—ਹੇ ਵਿਕਾਰਾਂ ਦੀ ਦਾਸੀ! ਰੀ—ਹੇ ਜੀਵ-ਇਸਤ੍ਰੀ! ਮਹਲੁ—ਪ੍ਰਭੂ-ਚਰਨਾਂ ਵਿਚ ਥਾਂ। ਸੰਗਿ—ਨਾਲ। ਰੰਗ ਕਰਤੀ—ਆਨੰਦ ਮਾਣਦੀ। ਕੇਲ—ਆਨੰਦ।1। ਰਹਾਉ।

ਮਿਥਨੀ—ਨਾਸਵੰਤ। ਸਖੀ—ਹੇ ਸਖੀ! ਕਾਇ—ਕਿਉਂ? ਮੋਹਿ—ਮੋਹ ਵਿਚ। ਮੋਹਿਲੀ—ਮੋਹ ਵਿਚ ਫਸੀ ਹੈਂ। ਪ੍ਰਿਅ ਪ੍ਰੀਤਿ—ਪਿਆਰੇ ਦੀ ਪ੍ਰੀਤ। ਰਿਦੈ—ਹਿਰਦੇ ਵਿਚ।1।

ਦਇਆਰੁ—ਦਇਆਲ। ਕਾਂਏਂ—ਕਿਉਂ? ਆਨ ਆਨ—ਹੋਰ ਹੋਰ (ਪਦਾਰਥਾਂ ਵਿਚ)। ਰੁਚੀਐ—ਪ੍ਰੀਤ ਬਣਾਈ ਹੋਈ ਹੈ। ਸੰਗਿ—ਨਾਲ। ਖਚੀਐ—ਮਸਤ ਰਹਿਣਾ ਚਾਹੀਦਾ ਹੈ। ਜਉ—ਜਦੋਂ। ਰਹੇ—ਮੁੱਕ ਜਾਂਦਾ ਹੈ। ਜਮਹਿ ਮੇਲ—ਜਮਾਂ ਨਾਲ ਵਾਹ।2।

ਅਰਥ:- ਹੇ ਵਿਕਾਰਾਂ ਦੀ ਦਾਸੀ (ਹੋ ਚੁਕੀ ਜੀਵ-ਇਸਤ੍ਰੀ)! ਹੋਸ਼ ਕਰ (ਵਿਚਾਰ ਕੇ ਵੇਖ)। ਪਰਮਾਤਮਾ ਦੇ ਅਮੋਲਕ ਗੁਣ (ਸਭ ਬਚਨਾਂ ਨਾਲੋਂ) ਸੁਭ ਬਚਨ ਹਨ—ਇਹਨਾਂ ਦਾ ਉਚਾਰਨ ਕਰਿਆ ਕਰ। (ਹੇ ਜੀਵ-ਇਸਤ੍ਰੀ!) ਗੁਰੂ ਦਾ ਸ਼ਬਦ ਆਪਣੇ ਮਨ ਵਿਚ ਟਿਕਾਈ ਰੱਖ (ਤੇ, ਸ਼ਬਦ ਦੀ ਬਰਕਤਿ ਨਾਲ) ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ। (ਜਿਹੜੀ ਜੀਵ-ਇਸਤ੍ਰੀ ਪ੍ਰਭੂ-ਚਰਨਾਂ ਵਿਚ ਟਿਕਦੀ ਹੈ, ਉਹ) ਪਰਮਾਤਮਾ ਵਿਚ ਜੁੜ ਕੇ ਬੜੇ ਆਤਮਕ ਆਨੰਦ ਮਾਣਦੀ ਹੈ।1। ਰਹਾਉ।

ਹੇ ਸਖੀ! ਇਹ ਜਗਤ ਸੁਪਨੇ ਵਰਗਾ ਹੈ, (ਇਸ ਦਾ ਸਾਰਾ) ਖਿਲਾਰਾ ਨਾਸਵੰਤ ਹੈ। ਤੂੰ ਇਸ ਦੇ ਮੋਹ ਵਿਚ ਕਿਉਂ ਫਸੀ ਹੋਈ ਹੈਂ? ਪ੍ਰੀਤਮ ਪ੍ਰਭੂ ਦੀ ਪ੍ਰੀਤ ਆਪਣੇ ਹਿਰਦੇ ਵਿਚ ਵਸਾਈ ਰੱਖ।1।

ਹੇ ਸਖੀ! ਪ੍ਰਭੂ ਸਦਾ ਹੀ ਦਇਆ ਦਾ ਘਰ ਹੈ, ਉਹ ਸਭ ਜੀਵਾਂ ਨਾਲ ਪ੍ਰੀਤ ਕਰਦਾ ਹੈ ਪਿਆਰ ਕਰਦਾ ਹੈ। ਹੇ ਸਖੀ! (ਉਸ ਨੂੰ ਭੁਲਾ ਕੇ) ਹੋਰ ਹੋਰ ਪਦਾਰਥਾਂ ਵਿਚ ਪਿਆਰ ਨਹੀਂ ਪਾਣਾ ਚਾਹੀਦਾ। ਸਦਾ ਪਰਮਾਤਮਾ ਦੇ ਪਿਆਰ ਵਿਚ ਹੀ ਮਸਤ ਰਹਿਣਾ ਚਾਹੀਦਾ ਹੈ। ਹੇ ਨਾਨਕ! ਆਖ—ਜਦੋਂ (ਕੋਈ ਵਡ-ਭਾਗੀ ਮਨੁੱਖ) ਸਾਧ ਸੰਗਤਿ ਦਾ ਮਿਲਾਪ ਹਾਸਲ ਕਰਦਾ ਹੈ ਅਤੇ ਪਰਮਾਤਮਾ ਦਾ ਧਿਆਨ ਧਰਦਾ ਹੈ, ਤਦੋਂ ਜਮਾਂ ਨਾਲ ਉਸ ਦਾ ਵਾਹ ਨਹੀਂ ਪੈਂਦਾ।2।1।130।